# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 13:10

**ਮਿਤੀ : 16-11-2025**

ਦੇਸ਼ ਵਿਚ ਅੱਜ ਗ਼ਦਰ ਲਹਿਰ ਦੇ ਮਹਾਨਾਇਕ ਸ਼ਹੀਦ ਕਰਤਾਰ ਸਿੰਘ ਸਰਾਭਾ ਸਮੇਤ ਸੱਤ ਗ਼ਦਰੀ ਯੋਧਿਆਂ ਦੀ ਸ਼ਹਾਦਤ ਨੂੰ ਨਮਨ ਕਰ ਰਿਹਾ ਏ । ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਅੱਜ ਆਜ਼ਾਦੀ ਘੁਲਾਟੀਏ ਕਰਤਾਰ ਸਿੰਘ ਸਰਾਭਾ ਨੂੰ ਉਨ੍ਹਾਂ ਦੀ ਬਰਸੀ ਮੌਕੇ ਸ਼ਰਧਾਂਜਲੀ ਭੇਟ ਕੀਤੀ ਏ। ਇਕ ਸੋਸ਼ਲ ਮੀਡੀਆ ਪੋਸਟ ਵਿਚ, ਉਨ੍ਹਾਂ ਕਿਹਾ ਕਿ ਕਰਤਾਰ ਸਿੰਘ ਸਰਾਭਾ ਨੇ ਆਪਣਾ ਜੀਵਨ ਭਾਰਤ ਦੀ ਆਜ਼ਾਦੀ ਲਈ ਸਮਰਪਿਤ ਕਰ ਦਿੱਤਾ। ਗ੍ਰਹਿ ਮੰਤਰੀ ਨੇ ਕਿਹਾ ਕਿ ਗ਼ਦਰ ਪਾਰਟੀ ਰਾਹੀਂ ਉਨ੍ਹਾਂ ਨੇ ਵਿਦੇਸ਼ਾਂ ਵਿਚ ਰਹਿੰਦੇ ਭਾਰਤੀਆਂ ਨੂੰ ਦੇਸ਼ ਦੀ ਆਜ਼ਾਦੀ ਲਈ ਕੰਮ ਕਰਨ ਲਈ ਪ੍ਰੇਰਿਤ ਕੀਤਾ। ਸ੍ਰੀ ਸ਼ਾਹ ਨੇ ਅੱਗੇ ਕਿਹਾ ਕਿ ਕਰਤਾਰ ਸਿੰਘ ਸਰਾਭਾ ਦਾ ਜੀਵਨ, ਹਰ ਦੇਸ਼ ਭਗਤ ਨੂੰ ਸ਼ਰਧਾ ਨਾਲ ਮਾਤ-ਭੂਮੀ ਦੀ ਸੇਵਾ ਕਰਨ ਲਈ ਪ੍ਰੇਰਿਤ ਕਰਦਾ ਰਹੇਗਾ। ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਵੀ ਗ਼ਦਰ ਲਹਿਰ ਦੇ ਮਹਾਨਾਇਕ ਸ਼ਹੀਦ

ਕਰਤਾਰ ਸਿੰਘ ਸਰਾਭਾ ਸਮੇਤ ਸੱਤ ਗ਼ਦਰੀ ਯੋਧਿਆਂ ਦੀ ਸ਼ਹਾਦਤ ਨੂੰ ਨਮਨ ਕੀਤਾ ਏ। ਇਸ ਮੌਕੇ ਇਕ ਸੋਸ਼ਲ ਮੀਡੀਆ ਪੋਸਟ ਵਿਚ, ਉਨ੍ਹਾਂ ਕਿਹਾ ਕਿ ਦੇਸ਼ ਦੀ ਆਜਾਦੀ ਲਈ ਆਪਣੀਆਂ ਜਾਨਾਂ ਵਾਰ ਗਏ ਕ੍ਰਾਂਤੀਕਾਰੀ ਯੋਧਿਆਂ ਨੂੰ ਉਨ੍ਹਾਂ ਦੀ ਹਿੰਮਤ ਤੇ ਦੇਸ਼ ਪ੍ਰਤੀ ਪਿਆਰ ਲਈ ਹਮੇਸ਼ਾ ਯਾਦ ਰੱਖਿਆ ਜਾਵੇਗਾ।

--------------------------------------------------------------

ਅੱਜ ਦੇਸ਼ ਵਿਚ ਰਾਸ਼ਟਰੀ ਪ੍ਰੈੱਸ ਦਿਵਸ ਮਨਾਇਆ ਜਾ ਰਿਹਾ ਏ। ਇਹ ਦਿਨ, ਦੇਸ਼ ਦੇ ਲੋਕਤੰਤਰ ਨੂੰ ਮਜ਼ਬੂਤ ਕਰਨ ਵਿਚ ਆਜ਼ਾਦ, ਜ਼ਿੰਮੇਵਾਰ ਅਤੇ ਨੈਤਿਕ ਪ੍ਰੈਸ ਦੀ ਮਹੱਤਵਪੂਰਨ ਭੂਮਿਕਾ ਦੀ ਪੁਸ਼ਟੀ ਕਰਦਾ ਏ । ਇਹ ਦਿਨ Press Council of India ਦੀ ਸਥਾਪਨਾ ਨੂੰ ਦਰਸਾਉਂਦਾ ਏ, ਜਿਸ ਨੇ 1966 ਵਿਚ ਇਸੇ ਦਿਨ, ਮੀਡੀਆ ਦੇ ਸੁਤੰਤਰ ਨੈਤਿਕ ਨਿਗਰਾਨ ਵਜੋਂ ਆਪਣਾ ਕੰਮ ਸ਼ੁਰੂ ਕੀਤਾ ਸੀ। ਆਪਣੇ ਗਠਨ ਤੋਂ ਬਾਅਦ, ਪ੍ਰੈੱਸ ਕੌਂਸਲ ਆਫ਼ ਇੰਡੀਆ ਨੇ ਪ੍ਰੈੱਸ ਦੀ ਆਜ਼ਾਦੀ ਨੂੰ ਬਰਕਰਾਰ ਰੱਖਣ, ਪੱਤਰਕਾਰੀ ਦੇ ਮਿਆਰਾਂ ਨੂੰ ਬਣਾਈ ਰੱਖਣ ਤੇ ਮੀਡੀਆ ਨੂੰ ਦਰਪੇਸ਼ ਚੁਣੌਤੀਆਂ ਦਾ ਹੱਲ ਕਰਨ ਲਈ ਪੂਰੀ ਮਿਹਨਤ ਨਾਲ ਕੰਮ ਕੀਤਾ ਏ । ਇਸ ਦਿਨ ਨੂੰ ਵੱਖ-ਵੱਖ ਸਰਗਰਮੀਆਂ ਰਾਹੀਂ ਮਨਾਇਆ ਜਾਂਦਾ ਏ, ਜਿਹਨਾਂ ਵਿਚ ਉੱਤਮਤਾ ਲਈ ਰਾਸ਼ਟਰੀ ਐਵਾਰਡ ਅਤੇ ਇਕ ਸੋਵੀਨਰ ਜਾਰੀ ਕਰਨਾ ਸ਼ਾਮਲ ਏ ।ਇਹ ਦਿਨ ਨਾ-ਸਿਰਫ਼

ਪ੍ਰੈੱਸ ਦੀਆਂ ਪ੍ਰਾਪਤੀਆਂ ਦਾ ਜਸ਼ਨ ਮਨਾਉਂਦਾ ਏ ਸਗੋਂ ਇਹ ਯਕੀਨੀ ਬਣਾਉਂਦਾ ਏ ਕਿ ਪੱਤਰਕਾਰੀ ਦਾ ਭਵਿੱਖ ਮਜ਼ਬੂਤ, ਆਜ਼ਾਦ ਅਤੇ ਜ਼ਿੰਮੇਵਾਰ ਬਣਿਆ ਰਹੇ।

---------------------------------------------------------------

ਪੰਜਾਬ ਵਿਚ ਸਿਹਤ ਸੰਭਾਲ ਪ੍ਰਣਾਲੀ ਨੂੰ ਹੋਰ ਮਜ਼ਬੂਤ ਕਰਨ ਦੇ ਮਿਸ਼ਨ ਤਹਿਤ ਮਹੱਤਵਪੂਰਨ ਫੈਸਲਾ ਲੈਂਦਿਆਂ ਪੰਜਾਬ ਮੰਤਰੀ ਮੰਡਲ ਨੇ ਕੱਲ੍ਹ ਸਿਹਤ ਤੇ ਪਰਿਵਾਰ ਭਲਾਈ ਵਿਭਾਗ ਵਿਚ 311 ਨਰਸਾਂ ਦੀ ਭਰਤੀ ਨੂੰ ਪ੍ਰਵਾਨਗੀ ਦੇ ਦਿੱਤੀ ਏ । ਇਸ ਸਬੰਧੀ ਫ਼ੈਸਲਾ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਪ੍ਰਧਾਨਗੀ ਹੇਠ ਹੋਈ ਮੰਤਰੀ ਮੰਡਲ ਦੀ ਮੀਟਿੰਗ ਵਿਚ ਲਿਆ ਏ। ਮੁੱਖ ਮੰਤਰੀ ਦਫ਼ਤਰ ਦੇ ਬੁਲਾਰੇ ਨੇ ਕਿਹਾ ਕਿ ਇਹ ਫ਼ੈਸਲਾ ਹਸਪਤਾਲਾਂ ਤੇ ਮੈਡੀਕਲ ਸੰਸਥਾਵਾਂ ਵਿਚ ਮਨੁੱਖੀ ਵਸੀਲਿਆਂ ਦੇ ਪਾੜੇ ਨੂੰ ਪੂਰਨ ਲਈ ਵਿਆਪਕ ਯੋਜਨਾ ਦਾ ਹਿੱਸਾ ਏ । ਮੰਤਰੀ ਮੰਡਲ ਨੇ ਸਮਾਜਿਕ ਸੁਰੱਖਿਆ, ਔਰਤਾਂ ਤੇ ਬੱਚਿਆਂ ਨਾਲ ਸਬੰਧਤ ਸੂਬਾ ਤੇ ਕੇਂਦਰ ਸਰਕਾਰ ਦੀਆਂ ਯੋਜਨਾਵਾਂ ਨੂੰ ਅਸਰਦਾਰ ਢੰਗ ਨਾਲ ਲਾਗੂ ਕਰਨ ਲਈ ਬਾਲ ਵਿਕਾਸ ਪ੍ਰੋਜੈਕਟ ਅਫਸਰਾਂ ਦੀਆਂ 16 ਖਾਲੀ ਅਸਾਮੀਆਂ ਨੂੰ ਬਹਾਲ ਕਰ ਕੇ ਪੀ.ਪੀ.ਐੱਸ.ਸੀ. ਰਾਹੀਂ ਇਸ ਦੀ ਭਰਤੀ ਦੀ ਮਨਜ਼ੂਰੀ ਵੀ ਦੇ ਦਿੱਤੀ ਏ । ਮੰਤਰੀ ਮੰਡਲ ਨੇ ਭਾਖੜਾ-ਬਿਆਸ ਪ੍ਰਬੰਧਕੀ ਬੋਰਡ ਵਿਚ ਤਾਇਨਾਤ ਕੀਤੇ ਜਾਣ

ਵਾਲੇ 2,458 ਕਰਮਚਾਰੀਆਂ ਦਾ ਵੱਖਰਾ ਕਾਡਰ ਬਣਾਉਣ ਲਈ ਮਨਜ਼ੂਰੀ ਦੇ ਦਿੱਤੀ। ਮੰਤਰੀ ਮੰਡਲ ਨੇ ਮੈਡੀਕਲ ਸਿੱਖਿਆ ਤੇ ਖੋਜ ਵਿਭਾਗ ਵਿਚ ਮੈਡੀਕਲ ਟੀਚਿੰਗ ਫੈਕਲਟੀ ਤੋਂ ਤਰੱਕੀ ਰਾਹੀਂ ਭਰੀਆਂ ਜਾਂਦੀਆਂ ਪ੍ਰਸ਼ਾਸਕੀ ਅਸਾਮੀਆਂ ਲਈ ਸੇਵਾ-ਮੁਕਤੀ ਉਮਰ ਮੌਜੂਦਾ 62 ਤੋਂ ਵਧਾ ਕੇ 65 ਸਾਲ ਕਰਨ ਨੂੰ ਵੀ ਪ੍ਰਵਾਨਗੀ ਦੇ ਦਿੱਤੀ ਏ। ਮੰਤਰੀ ਮੰਡਲ ਨੇ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਦੇ 350ਵੇਂ ਸ਼ਹੀਦੀ ਦਿਵਸ ਮਨਾਉਣ ਲਈ ਯਾਦਗਾਰੀ ਸਮਾਗਮਾਂ ਦੇ ਹਿੱਸੇ ਵਜੋਂ ਸ੍ਰੀ ਅਨੰਦਪੁਰ ਸਾਹਿਬ ਵਿਚ 24 ਨਵੰਬਰ ਨੂੰ ਪੰਜਾਬ ਵਿਧਾਨ ਸਭਾ ਦਾ ਖਾਸ ਇਜਲਾਸ ਬੁਲਾਉਣ ਲਈ ਵੀ ਸਹਿਮਤੀ ਦੇ ਦਿੱਤੀ।

---------------------------------------------------------------

ਪੰਜਾਬ ਸਰਕਾਰ ਵੱਲੋਂ ਗੁਰੂ ਨਗਰੀ ਸ੍ਰੀ ਅਨੰਦਪੁਰ ਸਾਹਿਬ ਵਿਚ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਦੀ 350ਵੀਂ ਸ਼ਹੀਦੀ ਸ਼ਤਾਬਦੀ ਸਮਾਗਮਾਂ ਦੀਆਂ ਤਿਆਰੀਆਂ ਦਾ ਕੰਮ ਤੇਜੀ ਨਾਲ ਚੱਲ ਰਿਹਾ ਏ। ਇਸ ਸਬੰਧੀ ਕੈਬਨਿਟ ਮੰਤਰੀ ਹਰਭਜਨ ਸਿੰਘ ਈ.ਟੀ.ਓ ਨੇ ਕਿਹਾ ਏ ਕਿ ਸ੍ਰੀ ਅਨੰਦਪੁਰ ਸਾਹਿਬ ਨੂੰ ਜੋੜਦੀਆਂ 317 ਕਿੱਲੋਮੀਟਰ ਸੜਕਾਂ ਨੂੰ ਅਪਗ੍ਰੇਡ ਕੀਤਾ ਜਾ ਰਿਹਾ ਏ। ਇਸ ਦੇ ਨਾਲ ਹੀ ਸ਼ਹਿਰ ਦੇ ਅੰਦਰੂਨੀ 127 ਕਿੱਲੋਮੀਟਰ ਮਾਰਗ ਦੀ ਨਵੀਨੀਕਰਨ ਪ੍ਰਕਿਰਿਆ ਜਾਰੀ ਏ । ਕੈਬਨਿਟ ਮੰਤਰੀ ਨੇ ਕਿਹਾ ਕਿ ਸ਼ਹੀਦੀ ਸ਼ਤਾਬਦੀ

ਸਮਾਗਮਾਂ ਵਿਚ ਆਉਣ ਵਾਲੇ ਸ਼ਰਧਾਲੂਆਂ ਦੀ ਰਿਹਾਇਸ਼ ਲਈ ਟੈਂਟ ਸਿਟੀ ਬਣਾਉਣ ਦਾ ਕਾਰਜ ਮੁਕੰਮਲ ਹੋ ਚੁੱਕਾ ਏ, ਜਿਸ ਵਿਚ ਸਾਰੀਆਂ ਲੋੜੀਂਦੀਆਂ ਸਹੂਲਤਾਂ ਮੁਹੱਈਆ ਹੋਣਗੀਆਂ।

-------------------------------------------------------

ਕੇਂਦਰ ਸਰਕਾਰ ਦੇ ਦੂਰਸੰਚਾਰ ਵਿਭਾਗ ਤੇ ਚੰਡੀਗੜ੍ਹ ਦੇ ਸੰਚਾਰ ਲੇਖਾ ਕੰਟਰੋਲਰ ਵੱਲੋਂ 17 ਨਵੰਬਰ ਨੂੰ ਅੰਮ੍ਰਿਤਸਰ ਸਥਿਤ .ਐੱਸ.ਐੱਨ.ਐੱਲ. ਜੀਐੱਮਟੀਡੀ ਦਫ਼ਤਰ ਵਿਚ ਦੁਪਹਿਰ 12 ਵਜੇ ਤੋਂ 2 ਵਜੇ ਤੱਕ ਪੈਨਸ਼ਨਰਾਂ ਵਾਸਤੇ ਕੈਂਪ ਲਾਇਆ ਜਾ ਰਿਹਾ ਏ। ਡਿਪਟੀ ਕੰਟਰੋਲਰ ਪੰਜਾਬ ਇਸ ਕੈਂਪ ਦੀ ਪ੍ਰਧਾਨਗੀ ਕਰਨਗੇ ਅਤੇ ਪੈਨਸ਼ਨ ਸੈਕਸ਼ਨ ਦੇ ਅਧਿਕਾਰੀ ਵੀ ਸ਼ਾਮਲ ਹੋਣਗੇ। ਭਲਕੇ ਲਗਾਏ ਜਾ ਰਹੇ ਇਸ ਕੈਂਪ ਵਿਚ ਪੈਨਸ਼ਨਰਜ਼ ਆਪਣੇ ਜੀਵਨ ਸਰਟੀਫਿਕੇਟ ਜਮ੍ਹਾਂ ਕਰਵਾਉਣ ਤੋਂ ਇਲਾਵਾ ਪਛਾਣ-ਪੱਤਰ ਸਬੰਧੀ ਅਰਜ਼ੀ ਦੇ ਸਕਣਗੇ, ਆਪਣਾ ਫ਼ੋਨ ਨੰਬਰ ਜਾਂ ਪਤਾ ਅੱਪਡੇਟ ਕਰਵਾ ਸਕਣਗੇ। ਪੈਨਸ਼ਨਰਾਂ ਲਈ ਮੁਫ਼ਤ ਸਿਹਤ ਕੈਂਪ ਵਿਚ ਸਿਹਤ ਤੋਂ ਇਲਾਵਾ ਉਨ੍ਹਾਂ ਨੂੰ ਸਾਈਬਰ ਧੋਖਾਦੇਹੀ ਬਾਰੇ ਵੀ ਸੁਚੇਤ ਕੀਤਾ ਜਾਵੇਗਾ।